## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/174-2006 ਅ 1(5) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :- 09.09.15

ਸ੍ਰੀ ਮਨਜੀਤ ਸਿੰਘ, ਲੈਕਚਰਾਰ ਪੰਜਾਬੀ, ਸਸਸਸ ਬਡਲਾ, ਜ਼ਿਲਾ ਹੁਸ਼ਿਆਰਪੁਰ ਜੋ ਮਿਤੀ 16.08.2004 ਤੋਂ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲਿਆ ਆ ਰਿਹਾ ਹੈ, ਨੂੰ ਵਿਭਾਗ ਦੇ ਹੁਕਮ ਨੰ: 2010/ਸਸਅ/ਕੋਆਰਡੀਨੇਸ਼ਨ/7/63/10-1ਸਿ2/975-76, ਮਿਤੀ 15.4.2010 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(viii) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰੀ ਵੱਲੋ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਣ ਉਸ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸ਼੍ਰੀਮਤੀ ਪੰਕਜ ਸ਼ਰਮਾ,ਡਿਪਟੀ ਡਾਇਰੈਕਟਰ,ਦ:ਡਾਇਰੈਕਟਰ ਸਿਖਿਆ ਵਿਭਾਗ,ਪੰਜਾਬ ਨੂੰ ਵਿਭਾਗ ਦੇ ਹੁਕਮ 7/63/10-1ਸਿ2/959 ਮਿਤੀ 16.02.11 ਰਾਹੀਂ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਵਿਰੁੱਧ ਮਿਤੀ 16.08.2004 ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀ ਮਨਜੀਤ ਸਿੰਘ, ਲੈਕਚਰਾਰ ਪੰਜਾਬੀ, ਸਸਸਸ ਬਡਲਾ, ਜ਼ਿਲਾ ਹੁਸ਼ਿਆਰਪੁਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 31.07.15 ਨੂੰ ਅਜੀਤ ਅਖਬਾਰ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਇਸ ਕਰਮਚਾਰੀ ਦਾ ਨਾਂ ਲੜੀ ਨੰ: 2 ਤੇ ਸ਼ਾਮਲ ਸੀ। ਇਸ ਪਬਲਿਕ ਨੋਟਿਸ ਰਾਹੀ ਇਸ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛਪਣ ਦੇ 21 ਦਿਨਾਂ ਦੇ ਅੰਦਰ-ਅੰਦਰ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ , ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋ ਕਰਦੇ ਹੋਏ ਸ਼੍ਰੀ ਮਨਜੀਤ ਸਿੰਘ, ਲੈਕਚਰਾਰ ਪੰਜਾਬੀ, ਸਸਸਸ ਬਡਲਾ, ਜ਼ਿਲਾ ਹੁਸ਼ਿਆਰਪੁਰ ਦੇ ਮਿਤੀ 16.08.2004 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 17776-80

ਮਿਤੀ, ਐਸ.ਏ.ਐਸ.ਨਗਰ :- 16/09/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ(ਸਿੱਖਿਆ-2 ਸ਼ਾਖਾ)।
2. ਮੰਡਲ ਸਿੱਖਿਆ ਅਫਸਰ, ਜਲੰਧਰ।
3. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਹੁਸ਼ਿਆਰਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
4. ਪ੍ਰਿੰਸੀਪਲ, ਲੈਕਚਰਾਰ ਪੰਜਾਬੀ, ਸਸਸਸ ਬਡਲਾ, ਜ਼ਿਲਾ ਹੁਸ਼ਿਆਰਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
5. ਸ਼੍ਰੀ ਮਨਜੀਤ ਸਿੰਘ, ਲੈਕਚਰਾਰ ਪੰਜਾਬੀ, ਸਸਸਸ ਬਡਲਾ, ਜ਼ਿਲਾ ਹੁਸ਼ਿਆਰਪੁਰ।

ਨੱਥੀ:ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 10/111-2014 ਅ 1(8) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :- 09.09.15

ਸ੍ਰੀਮਤੀ ਮਨਿੰਦਰ ਕੌਰ, ਲੈਕਚਰਾਰ ਬਾਇਓ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ, ਰਾਮਬਾਗ, ਜ਼ਿਲਾ ਅੰਮ੍ਰਿਤਸਰ ਜੋ ਮਿਤੀ 17.04.2001 ਤੋਂ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲੀ ਆ ਰਹੀ ਹੈ, ਨੂੰ ਵਿਭਾਗ ਦੇ ਹੁਕਮ ਨੰ: 7/14/11-5ਸਿ2/636 ਮਿਤੀ 09.02.14 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(viii) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰਨ ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ ਉਸ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸ਼੍ਰੀ ਸੁਰਿੰਦਰ ਸਿੰਘ ਸਿੱਧੂ, ਡਿਪਟੀ ਡਾਇਰੈਕਟਰ ਵੋਕੇਸ਼ਨਲ,ਦ:ਡੀ.ਪੀ.ਆਈ(ਸੈਸਿ)ਪੰਜਾਬ ਨੂੰ ਵਿਭਾਗ ਦੇ ਹੁਕਮ ਨੰ:7/4/11-5ਸਿ2/8141, ਮਿਤੀ 17.10.11 ਰਾਹੀਂ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਵਿਰੁੱਧ ਮਿਤੀ 17.04.2001 ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀਮਤੀ ਮਨਿੰਦਰ ਕੌਰ,ਲੈਕਚਰਾਰ ਬਾਇਓ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ, ਰਾਮਬਾਗ,ਜ਼ਿਲਾ ਅੰਮ੍ਰਿਤਸਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 31.07.15 ਨੂੰ ਅਜੀਤ ਅਖਬਾਰ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਇਸ ਕਰਮਚਾਰਣ ਦਾ ਨਾਂ ਲੜੀ ਨੰ: 3 ਤੇ ਸ਼ਾਮਲ ਸੀ। ਇਸ ਪਬਲਿਕ ਨੋਟਿਸ ਰਾਹੀ ਇਸ ਕਰਮਚਾਰਣ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛਪਣ ਦੇ 21 ਦਿਨਾਂ ਦੇ ਅੰਦਰ-ਅੰਦਰ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ , ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਣ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਣ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋ ਕਰਦੇ ਹੋਏ ਸ੍ਰੀਮਤੀ ਮਨਿੰਦਰ ਕੌਰ,ਲੈਕਚਰਾਰ ਬਾਇਓ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ, ਰਾਮਬਾਗ,ਜ਼ਿਲਾ ਅੰਮ੍ਰਿਤਸਰ ਦੇ ਮਿਤੀ 17.04.2001 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 11778-85 ਮਿਤੀ, ਐਸ.ਏ.ਐਸ.ਨਗਰ :- 16/9/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ(ਸਿੱਖਿਆ-2 ਸ਼ਾਖਾ)।
2. ਮੰਡਲ ਸਿੱਖਿਆ ਅਫਸਰ, ਜਲੰਧਰ।
3. ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਣ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
4. ਪ੍ਰਿੰਸੀਪਲ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ, ਰਾਮਬਾਗ,ਜ਼ਿਲਾ ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਣ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
5. ਸ੍ਰੀਮਤੀ ਮਨਿੰਦਰ ਕੌਰ, ਲੈਕਚਰਾਰ ਬਾਇਓ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ, ਰਾਮਬਾਗ,ਜ਼ਿਲਾ ਅੰਮ੍ਰਿਤਸਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ